# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 26-06-2024**

- BJP ਦੇ ਸੀਨੀਅਰ ਸੰਸਦ ਮੈਂਬਰ ਓਮ ਬਿਰਲਾ, 18ਵੀਂ ਲੋਕ ਸਭਾ ਦੇ ਸਪੀਕਰ ਚੁਣੇ ਗਏ ।
- ਪੰਜਾਬ ਦੇ ਰਾਜਪਾਲ ਬਨਵਾਰੀ ਲਾਲ ਪੁਰੋਹਿਤ ਨੇ ਅੱਜ ਨਵੀਂ ਦਿੱਲੀ ਵਿਚ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨਾਲ ਮੁਲਾਕਾਤ ਕੀਤੀ।
- ਪੰਜਾਬ ਪੁਲਿਸ ਦੇ D.G.P ਗੌਰਵ ਯਾਦਵ ਦੀ ਨਸ਼ੇ ਦੀ ਬੁਰਾਈ ਖਤਮ ਕਰਨ ਲਈ ਸਾਰਿਆਂ ਨੂੰ ਸਾਂਝੇ ਯਤਨ ਕਰਨ ਦੀ ਅਪੀਲ ।
- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ, ਸ੍ਰੀ ਅਕਾਲ ਤਖ਼ਤ ਸਾਹਿਬ ਦਾ ਸਥਾਪਨਾ ਦਿਵਸ, ਅੱਜ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ ।

-----------------------------------------------------------------

BJP ਦੇ ਸੀਨੀਅਰ ਸੰਸਦ ਮੈਂਬਰ ਓਮ ਬਿਰਲਾ ਨੂੰ ਅੱਜ 18 ਵੀਂ ਲੋਕਸਭਾ ਦਾ ਸਪੀਕਰ ਚੁਣ ਲਿਆ ਗਿਆ । ਉਹ 17 ਵੀਂ ਲੋਕਸਭਾ ਦੇ ਵੀ ਸਪੀਕਰ ਸਨ ਅਤੇ ਹੁਣ ਲਗਾਤਾਰ ਦੂਜੀ ਵਾਰ ਸਪੀਕਰ ਬਣੇ ਨੇ। ਉਨ੍ਹਾਂ ਨੂੰ ਆਵਾਜ਼ੀ ਵੋਟ ਨਾਲ ਚੁਣਿਆ ਗਿਆ, ਕਿਉਂਕਿ ਵਿਰੋਧੀ ਧਿਰ ਨੇ ਆਪਣੇ ਉਮੀਦਵਾਰ ਕਾਂਗਰਸੀ ਸੰਸਦ ਮੈਂਬਰ ਕੇ. ਸੁਰੇਸ਼ ਲਈ ਸਦਨ ਵਿੱਚ ਵੋਟਿੰਗ ਲਈ ਦਬਾਅ ਨਹੀਂ ਪਾਇਆ । ਚੋਣ ਤੋਂ ਬਾਅਦ, ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਅਤੇ ਸੰਸਦੀ ਮਾਮਲਿਆਂ ਬਾਰੇ ਮੰਤਰੀ ਕਿਰਨ ਰਿਜਿਜੂ, ਸ੍ਰੀ ਬਿਰਲਾ ਨੂੰ ਸਪੀਕਰ ਦੀ ਕੁਰਸੀ ਤੱਕ ਲੈ ਕੇ ਗਏ । ਇਸ ਦੌਰਾਨ ਲੋਕ ਸਭਾ ਵਿੱਚ ਨਵੇਂ ਚੁਣੇ ਗਏ ਸੰਸਦ ਮੈਂਬਰਾਂ ਦੀ ਸਹੁੰ ਚੁੱਕ ਪ੍ਰਕਿਰਿਆ ਕੱਲ੍ਹ ਪੂਰੀ ਹੋ ਗਈ । ਰਾਸ਼ਟਰਪਤੀ ਦ੍ਰੋਪਦੀ ਮੁਰਮੂ ਭਲਕੇ 27 ਜੂਨ ਨੂੰ, ਦੋਵਾਂ ਸਦਨਾਂ ਦੀ ਸਾਂਝੀ ਬੈਠਕ ਨੂੰ ਸੰਬੋਧਨ ਕਰਨਗੇ ।

-----------------------------------------------------------------

ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ

ਪ੍ਰਸ਼ਾਸਕ, ਬਨਵਾਰੀ ਲਾਲ ਪੁਰੋਹਿਤ ਨੇ ਅੱਜ ਨਵੀਂ ਦਿੱਲੀ ਵਿਚ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨਾਲ ਮੁਲਾਕਾਤ ਕੀਤੀ। ਪ੍ਰਧਾਨ ਮੰਤਰੀ ਦਫ਼ਤਰ ਨੇ ਐਕਸ ਹੈਂਡਲ ਤੇ ਇਹ ਜਾਣਕਾਰੀ ਸਾਂਝੀ ਕੀਤੀ ਏ।

---------------------------------------------------------------

ਕੇਂਦਰ ਸਰਕਾਰ ਵਲੋਂ ਤਿਆਰ ਤਿੰਨ ਨਵੇਂ ਕਾਨੂੰਨ ਪਹਿਲੀ ਜੁਲਾਈ ਤੋਂ ਲਾਗੂ ਹੋਣ ਜਾ ਰਹੇ ਨੇ। ਜਲੰਧਰ ਵਿਚ ਆਕਾਸ਼ਵਾਣੀ ਸੰਵਾਦਦਾਤਾ ਸ਼ਿਸ਼ੂ ਸ਼ਰਮਾ ਸ਼ਾਂਤਲ ਨਾਲ ਗੱਲਬਾਤ ਕਰਦਿਆਂ, ਮਹਾਰਾਜਾ ਰਣਜੀਤ ਸਿੰਘ ਪੁਲਿਸ ਅਕੈਡਮੀ ਫਿਲੌਰ ਵਿਖੇ ਜੁਆਇੰਟ ਡਾਇਰੈਕਟਰ ਅਮਨਪ੍ਰੀਤ ਸਿੰਘ ਸੰਧੂ ਨੇ ਕਿਹਾ ਕਿ ਸਮੇਂ ਮੁਤਾਬਕ ਬਣਾਏ ਗਏ ਇਹ ਕ਼ਾਨੂਨ, ਆਮ ਲੋਕਾਂ ਲਈ ਬਹੁਤ ਫਾਇਦੇਮੰਦ ਨੇ।

---------------------------------------------------------------

ਗੁਰਦਾਸਪੁਰ ਦੇ ਵਿਧਾਨ ਸਭਾ ਹਲਕਾ ਦੀਨਾਨਗਰ ਅਧੀਨ ਆਉਂਦੇ, ਮਕੌੜਾ ਪੱਤਣ ਤੋਂ ਪਾਰਲੇ ਪਾਸੇ ਵੱਸੇ ਅੱਧੀ ਦਰਜਨ ਪਿੰਡਾਂ ਦੇ ਲੋਕਾਂ ਨੂੰ, ਪਿਛਲੇ ਲੰਮੇ ਸਮੇਂ ਤੋਂ ਖਸਤਾ ਹਾਲ ਕਿਸ਼ਤੀ ਤੋਂ ਪਰੇਸ਼ਾਨ ਲੋਕਾਂ ਨੂੰ ਉਸ ਸਮੇਂ ਭਾਰੀ ਰਹਿਤ ਮਿਲੀ, ਜਦ ਰਾਜ ਸਭਾ ਮੈਂਬਰ ਸੰਤ

ਬਲਬੀਰ ਸਿੰਘ ਸੀਚੇਵਾਲ ਵੱਲੋਂ ਕਰੀਬ 8 ਲੱਖ ਦੀ ਕੀਮਤ ਨਾਲ ਤਿਆਰ ਕਰਵਾ ਕੇ ਨਵੀਂ ਕਿਸ਼ਤੀ ਮਕੌੜਾ ਪੱਤਣ ਵਿਖੇ ਭੇਜੀ ਗਈ। ਇਸ ਦਾ ਰਸਮੀ ਤੌਰ ਤੇ ਉਦਘਾਟਨ ਕਰਨ ਲਈ ਸੰਤ ਬਲਬੀਰ ਸਿੰਘ ਸੀਚੇਵਾਲ ਅੱਜ ਮਕੌੜਾ ਪੱਤਣ ਪਹੁੰਚੇ। ਉਨਾਂ ਕਿਹਾ ਕਿ ਕੁਝ ਸਮਾਂ ਪਹਿਲਾਂ ਮਕੌੜਾ ਪੱਤਣ ਦੇ ਹਾਲਾਤ ਬਾਰੇ ਉਨਾਂ ਨੂੰ ਪਤਾ ਚਲਿਆ ਸੀ, ਜਿਸ ਤੇ ਤੁਰੰਤ ਆਪਣੇ ਫੰਡ ਵਿੱਚੋਂ ਨਵੀਂ ਕਿਸ਼ਤੀ ਮੁਹਈਆ ਕਰਾਉਣ ਦੇ ਹੁਕਮ ਜਾਰੀ ਕੀਤੇ ਸਨ। ਉਨਾਂ ਕਿਹਾ ਕਿ ਅਗਲੇ ਕੁਝ ਹੀ ਦਿਨਾਂ ਵਿੱਚ ਮਕੌੜਾ ਪੱਤਣ ਪਲਟੂਨ ਪੁੱਲ ਚੁੱਕ ਲਿਆ ਜਾਏਗਾ।

---------------------------------------------------------------

ਜਲੰਧਰ ਪੱਛਮੀ ਵਿਧਾਨ ਸਭਾ ਹਲਕੇ ਦੀ ਜ਼ਿਮਨੀ ਚੋਣ ਲਈ, ਨਾਮਜ਼ਦਗੀ ਵਾਪਿਸ ਲੈਣ ਦੇ ਅੱਜ ਆਖਰੀ ਦਿਨ, ਆਜ਼ਾਦ ਉਮੀਦਵਾਰ ਅਮਿਤ ਕੁਮਾਰ ਵਲੋਂ ਨਾਮਜ਼ਦਗੀ ਵਾਪਿਸ ਲਈ ਗਈ । ਇਸ ਤਰ੍ਹਾਂ ਜ਼ਿਮਨੀ ਚੋਣ ਲਈ ਕੁਲ 15 ਉਮੀਦਵਾਰ ਚੋਣ ਮੈਦਾਨ ਵਿਚ ਰਹਿ ਗਏ ਨੇ। ਜ਼ਿਲ੍ਹਾ ਚੋਣ ਅਫ਼ਸਰ ਤੇ ਡਿਪਟੀ ਕਮਿਸ਼ਨਰ ਡਾ.ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਇਨਾਂ ਵਿੱਚ ਰਾਜ ਕੁਮਾਰ, ਇੰਦਰਜੀਤ

ਸਿੰਘ, ਵਿਸ਼ਾਲ, ਅਜੇ ਕੁਮਾਰ ਭਗਤ, ਨੀਟੂ, ਅਜੇ, ਵਰੁਣ ਕਲੇਰ, ਆਰਤੀ ਅਤੇ ਦੀਪਕ ਭਗਤ ਸਾਰੇ ਆਜ਼ਾਦ ਤੋਂ ਇਲਾਵਾ ਭਾਰਤੀ ਜਨਤਾ ਪਾਰਟੀ ਦੇ ਸ਼ੀਤਲ ਅੰਗੁਰਾਲ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਸਰਬਜੀਤ ਸਿੰਘ, ਬਸਪਾ ਦੇ ਬਿੰਦਰ ਕੁਮਾਰ, ਆਮ ਆਦਮੀ ਪਾਰਟੀ ਦੇ ਮਹਿੰਦਰ ਪਾਲ, ਇੰਡੀਅਨ ਨੈਸ਼ਨਲ ਕਾਂਗਰਸ ਦੇ ਸੁਰਿੰਦਰ ਕੌਰ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਸੁਰਜੀਤ ਕੌਰ ਚੋਣ ਮੈਦਾਨ ਵਿੱਚ ਨੇ। ਉਨ੍ਹਾਂ ਦੱਸਿਆ ਕਿ 10 ਜੁਲਾਈ ਨੂੰ ਵੋਟਾਂ ਪੈਣਗੀਆਂ ਤੇ ਕੁੱਲ 1 ਲੱਖ 71 ਹਜ਼ਾਰ 482 ਵੋਟਰਾਂ ਲਈ 181 ਪੋਲਿੰਗ ਬੂਥ ਬਣਾਏ ਗਏ ਨੇ। ਵੋਟਾਂ ਦੀ ਗਿਣਤੀ 13 ਜੁਲਾਈ ਨੂੰ ਹੋਵੇਗੀ।

---------------------------------------------------------

ਨਸ਼ਿਆਂ ਦੀ ਰੋਕਥਾਮ ਲਈ ਹਰ ਸਾਲ 26 ਜੂਨ ਨੂੰ ਕੌਮਾਂਤਰੀ ਨਸ਼ਾ ਵਿਰੋਧੀ ਦਿਵਸ ਮਨਾਇਆ ਜਾਂਦਾ ਏ। ਸੰਯੁਕਤ ਰਾਸ਼ਟਰ ਮਹਾਸਭਾ ਨੇ ਆਪਣੇ ਇੱਕ ਮਤੇ ਵਿੱਚ 7 ਦਸੰਬਰ 1987 ਤੋਂ ਇਸ ਨੂੰ ਮਨਾਉਣ ਦਾ ਫੈਸਲਾ ਕੀਤਾ ਸੀ। ਇਸ ਦਾ ਉਦੇਸ਼ ਲੋਕਾਂ ਨੂੰ ਨਸ਼ੇ ਦੀ ਭੈੜੀ ਆਦਤ ਤੋਂ ਮੁਕਤ ਕਰਨਾ ਅਤੇ ਉਨ੍ਹਾਂ ਨੂੰ ਨਸ਼ੇ ਦੇ ਮਾੜੇ ਪ੍ਰਭਾਵਾਂ ਤੋਂ ਬਚਾਉਣਾ ਏ।

ਪੰਜਾਬ ਪੁਲਿਸ ਦੇ ਡੀ ਜੀ ਪੀ ਗੌਰਵ ਯਾਦਵ ਨੇ ਇਸ ਮੌਕੇ ਤੇ ਨਸ਼ੇ ਦੀ ਬੁਰਾਈ ਖਤਮ ਕਰਨ ਲਈ ਸਾਰਿਆਂ ਨੂੰ ਸਾਂਝੇ ਯਤਨ ਕਰਨ ਦੀ ਅਪੀਲ ਕੀਤੀ।

-----------------------------------------------------

ਇਸ ਦੌਰਾਨ ਪੁਸ਼ਪਾ ਗੁਜਰਾਲ ਸਾਇੰਸ ਸਿਟੀ ਕਪੂਰਥਲਾ ਨੇ ਨਸ਼ੀਲੀਆਂ ਦਵਾਈਆਂ ਦੀ ਦੁਰਵਰਤੋਂ ਨਾਲ ਪੈਦਾ ਹੋਣ ਵਾਲੇ ਖਤਰਿਆਂ ਪ੍ਰਤੀ ਲੋਕਾਂ ਵਿਚ ਜਾਗੂਰਕਤਾ ਪੈਦਾ ਕਰਨ ਦੇ ਮੰਤਵ ਨਾਲ ਇਕ ਵਿਸ਼ੇਸ਼ ਸਮਾਗਮ ਆਯੋਜਿਤ ਕੀਤਾ । ਨਹ੍ਰਿਰ ਯੁਵਾ ਕੇਂਦਰ ਦੇ ਕਲਾਕਾਰਾਂ ਨੇ ਨੁੱਕੜ ਨਾਟਕਾਂ ਰਾਹੀਂ ਲੋਕਾਂ ਨੂੰ ਨਸ਼ਿਆ ਦੇ ਵਿਰੁੱਧ ਲਾਮਬੰਦ ਕਰਦਿਆਂ ਇਸ ਚਿੰਤਾਜਨਕ ਵਿਸ਼ੇ ‘ਤੇ ਚਾਨਣਾ ਪਾਇਆ ਅਤੇ ਨਸ਼ਿਆ ਦੀ ਰੋਕਥਾਮ ਦੀ ਮਹਹੱਤਾ ‘ਤੇ ਜ਼ੋਰ ਦਿੱਤਾ । ਕਪੂਰਥਲਾ ਦੇ ਜ਼ਿਲਾ ਯੂਥ ਅਧਿਕਾਰੀ ਡਾ. ਗਗਨਦੀਪ ਕੌਰ ਨੇ ਕਿਹਾ ਕਿ ਅਜਿਹੇ ਪ੍ਰੋਗਰਾਮਾਂ ਰਾਹੀਂ ਨੌਜਵਾਨਾਂ ਨੂੰ ਨਸ਼ਿਆ ਦੀ ਲੱਤ ਪ੍ਰਤੀ ਸਿੱਖਿਅਤ ਤੇ ਜਾਗਰੂਕ ਕੀਤਾ ਜਾ ਸਕਦਾ ਏ । ਉਹਨਾਂ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਨਸ਼ਿਆਂ ਤੋਂ ਬਚਾਅ ਕੇ ਰੱਖਣ ਦੇ ਨਾਲ-ਨਾਲ ਉਹਨਾਂ ਨੂੰ ਦੋਸਤਾਨਾਂ ਮਹੌਲ ਦੇਣ

।ਪ੍ਰੋਗਰਾਮ ਦੇ ਕੋਆਰਡੀਨੇਟਰ ਤੇ ਸਾਇੰਸ ਸਿਟੀ ਦੇ ਵਿਗਿਆਨੀ-ਡੀ, ਡਾ. ਮੋਨੀਸ਼ ਸੋਇਨ ਨੇ ਕਿਹਾ ਕਿ ਨਸ਼ਾ ਤਸਕਰੀ ਅਤੇ ਨਸ਼ੀਲੇ ਪਾਦਰਥਾਂ ਦੀ ਦੁਰਵਰਤੋਂ ਨਾਲ ਨਜਿੱਠਣਾ, ਸਰਕਾਰ ਦੀ ਜ਼ਿੰਮੇਵਾਰੀ ਏ ਪਰ ਸਮਾਜ ਵੀ ਇਸ ਵਿਚ ਵੱਡਾ ਯੋਗਦਾਨ ਪਾ ਸਕਦਾ ਏ।

------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ, ਸ੍ਰੀ ਅਕਾਲ ਤਖ਼ਤ ਸਾਹਿਬ ਦਾ ਸਥਾਪਨਾ ਦਿਵਸ ਅੱਜ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ । ਇਸ ਸਬੰਧ ਅੰਮ੍ਰਿਤਸਰ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਇਕ ਸਮਾਗਮ ਹੋਇਆ । ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮਗਰੋਂ, ਪੰਥ ਪ੍ਰਸਿੱਧ ਰਾਗੀ ਭਾਈ ਗੁਰਮੀਤ ਸਿੰਘ ਸ਼ਾਂਤ ਦੇ ਜਥੇ ਨੇ, ਪੁਰਾਤਨ ਤੰਤੀ ਸਾਜ਼ਾਂ ਨਾਲ ਗੁਰਬਾਣੀ ਕੀਰਤਨ ਨਾਲ ਸੰਗਤ ਨੂੰ ਜੋੜਿਆ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ, ਗਿਆਨੀ ਰਘਬੀਰ ਸਿੰਘ ਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਇਸ ਮੌਕੇ ਮੌਜੂਦ ਸਨ । ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਸ੍ਰੀ ਅਕਾਲ ਤਖ਼ਤ

ਸਾਹਿਬ ਦੇ ਸਥਾਪਨਾ ਦਿਵਸ ਦੀ ਵਧਾਈ ਦਿੰਦਿਆਂ ਆਖਿਆ ਕਿ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਰੂਹਾਨੀਅਤ ਦੇ ਕੇਂਦਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸਾਹਮਣੇ, ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਥਾਪਨਾ ਕੀਤੀ ਸੀ। ਉਨ੍ਹਾਂ ਕਿਹਾ ਕਿ ਅੱਜ ਕੌਮੀ ਤੌਰ ’ਤੇ ਖੁਆਰੀਆਂ ਵਿਚੋਂ ਨਿਕਲਣ ਲਈ ਗੁਰੂ ਸਿਧਾਂਤਾਂ ’ਤੇ ਪਹਿਰਾ ਦਿੰਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਛਤਰ ਸਾਇਆ ਹੇਠ ਇਕੱਤਰ ਹੋਣ ਦੀ ਜਰੂਰਤ ਏ। ਉਨ੍ਹਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨਾਂ ਲਈ ਆਉਣ ਵਾਲੀ ਸੰਗਤ ਨੂੰ ਵੀ ਸ੍ਰੀ ਦਰਬਾਰ ਸਾਹਿਬ ਸਮੂਹ ਵਿਚ ਵਿਚਰਦਿਆਂ ਮਰਿਆਦਾ ਦਾ ਖਿਆਲ ਰੱਖਣ ਦੀ ਹਦਾਇਤ ਕੀਤੀ।

---------------------------------------------------------

ਕੇਂਦਰ ਸਰਕਾਰ ਵਲੋਂ ਪੇਪਰ ਲੀਕ ਮਾਮਲੇ ਵਿਚ ਕੀਤੀ ਗਈ ਤੁਰੰਤ ਕਾਰਵਾਈ ਤੇ ਆਮ ਲੋਕ ਕਾਫੀ ਸੰਤੁਸ਼ਟ ਨੇ। ਸਿਖਿਆ ਖੇਤਰ ਨਾਲ ਜੁੜੇ ਮੋਗਾ ਦੇ ਨਿਵਾਸੀ, ਤਜਿੰਦਰ ਸਿੰਘ ਅਨੁਸਾਰ ਸਰਕਾਰ ਦੀ ਕਾਰਵਾਈ ਸ਼ਲਾਘਾਯੋਗ ਏ।

---------------------------------------------------------------

ਬਰਨਾਲਾ ਜ਼ਿਲ੍ਹਾ ਭਾਸ਼ਾ ਦਫ਼ਤਰ ਵਲੋਂ, ਪਦਮ ਸ੍ਰੀ ਸ਼ਾਇਰ ਮਰਹੂਮ ਸੁਰਜੀਤ ਪਾਤਰ ਨੂੰ ਸਮਰਪਿਤ, ਕਵੀ ਦਰਬਾਰ ਐਸ. ਐਸ. ਡੀ. ਕਾਲਜ ਵਿਖੇ ਕਰਵਾਇਆ ਗਿਆ । ਇਸ ਵਿਚ ਸੂਬੇ ਦੇ ਵੱਖ ਕਵੀ ਜਥਿਆਂ ਵਲੋਂ ਆਪੋ ਆਪਣੀ ਫਨਕਾਰ ਨਾਲ ਜਿਥੇ ਸਵਰਗੀ ਸੁਰਜੀਤ ਪਾਤਰ ਨੂੰ ਸ਼ਰਧਾਂਜਲੀਆਂ ਅਰਪਣ ਕੀਤੀ ਗਈ, ਉਥੇ ਹੀ ਡਾ. ਸੰਪੂਰਨ ਸਿੰਘ ਟੱਲੇਵਾਲੀਆ ਗਰੁੱਪ ਨੇ ਕਵੀਸ਼ਰੀ ਵਾਰਾਂ ਸੁਣਾ ਕੇ, ਆਏ ਹੋਏ ਲੋਕਾਂ ਦਾ ਮਨੋਰੰਜਨ ਕੀਤਾ । ਇਸ ਸਮਾਗਮ ਵਿਚ ਸ੍ਰੀ ਪਵਨ ਹਰਚੰਦ-ਪੁਰੀ ਦੀ ਪੁਸਤਕ ''ਮਹਾਨ ਯੋਧਿਆਂ ਦੀਆਂ ਵਾਰਾਂ'' ਦਾ ਲੋਕ ਅਰਪਣ ਵੀ ਕੀਤਾ ਗਿਆ ।

---------------------------------------------------------------

ਭਾਰਤ-ਪਾਕਿਸਤਾਨ ਸਰਹੱਦ ਨਾਲ ਲੱਗਦੇ, ਪੰਜਾਬ - ਜੰਮੂ ਸਰਹੱਦ 'ਤੇ ਸਥਿਤ ਪੰਜਾਬ ਦੇ ਆਖਰੀ ਪਿੰਡ ਕੋਟ ਪੱਤੀਆਂ 'ਚ ਉਸ ਸਮੇਂ ਦਹਿਸ਼ਤ ਦਾ ਮਾਹੌਲ ਬਣ ਗਿਆ, ਜਦੋਂ ਬੀਤੀ ਰਾਤ ਪਿੰਡ ਦੇ ਬਾਹਰ ਸਥਿਤ ਇਕ ਫਾਰਮ ਹਾਊਸ 'ਤੇ ਮੌਜੂਦ ਮਜ਼ਦੂਰ ਨੇ ਦੋ ਹਥਿਆਰਬੰਦ ਸ਼ੱਕੀ

ਵਿਅਕਤੀਆਂ ਨੂੰ ਦੇਖਿਆ। ਉਨ੍ਹਾਂ ਮਜ਼ਦੂਰ ਨੂੰ ਧਮਕਾਇਆ ਅਤੇ ਉਸ ਤੋਂ ਖਾਣਾ ਖਾ ਕੇ ਧਮਕੀ ਦਿੱਤੀ, ਕਿ ਜੇਕਰ ਉਸ ਨੇ ਉਨ੍ਹਾਂ ਬਾਰੇ ਕਿਸੇ ਨੂੰ ਦੱਸਿਆ ਤਾਂ ਉਹ ਇਸ ਦਾ ਨਤੀਜਾ ਭੁਗਤਣ ਲਈ ਤਿਆਰ ਰਹੇ। ਸ਼ੱਕੀ ਵਿਅਕਤੀਆਂ ਦੇ  ਜਾਣ ਮਗਰੋਂ ਮਜ਼ਦੂਰ ਨੇ ਤੁਰੰਤ ਇਸ ਦੀ ਸੂਚਨਾ ਆਪਣੇ ਮਾਲਕ ਨੂੰ ਦਿੱਤੀ, ਜਿਨ੍ਹਾਂ ਇਸ ਸਬੰਧੀ ਪੁਲਿਸ ਨੂੰ ਸੂਚਿਤ ਕੀਤਾ। ਪਠਾਨਕੋਟ ਦੇ ਐਸ.ਐਸ.ਪੀ ਸੋਹੇਲ ਕਾਸਿਮ ਮੀਰ ਨੇ ਦੱਸਿਆ ਕਿ ਬੀ.ਐਸ.ਐਫ ਅਤੇ ਪੁਲਿਸ ਵੱਲੋਂ ਪੂਰੇ ਇਲਾਕੇ ਵਿੱਚ ਇੱਕ ਸਾਂਝਾ ਸਰਚ ਅਭਿਆਨ ਚਲਾਇਆ ਜਾ ਰਿਹਾ ਏ, ਤਾਂ ਜੋ ਇਹਨਾਂ ਵਿਅਕਤੀਆਂ ਦਾ ਪਤਾ ਲਗਾਇਆ ਜਾ ਸਕੇ।

---------------------------------------------------------------

ਪੰਜਾਬ ਸਰਕਾਰ ਸਾਫ਼- ਸੁਥਰਾ ਅਤੇ ਹਰਾ ਭਰਾ  ਵਾਤਾਵਰਣ ਯਕੀਨੀ ਬਣਾਉਣ ਲਈ, ਹਰ ਸੰਭਵ ਕਦਮ ਚੁੱਕ ਰਹੀ ਏ । ਇਕ ਸਰਕਾਰੀ ਬੁਲਾਰੇ ਅਨੁਸਾਰ ਸਾਲ 2023- 24 ਦੌਰਾਨ ਵਿਭਾਗ ਨੇ, 5740 ਹੈਕਟੇਅਰ ਰਕਬੇ 'ਤੇ ਵੱਖ-ਵੱਖ ਯੋਜਨਾਵਾਂ ਤਹਿਤ 44 ਲੱਖ ਬੂਟੇ ਲਗਾਏ । ਇਸ ਤੋਂ ਇਲਾਵਾ ਪੰਜਾਬ ਹਰਿਆਵਲ ਲਹਿਰ

ਅਧੀਨ, ਵਿਭਾਗ ਸੂਬੇ ਦੇ ਕੋਈ 44 ਲੱਖ ਟਿਊਬਵੈੱਲਾਂ 'ਤੇ ਪ੍ਰਤੀ ਟਿਊਬਵੈੱਲ ਘੱਟੋ- ਘੱਟ 3 ਬੂਟੇ ਲਗਾਉਣ ਲਈ ਯਤਨਸ਼ੀਲ ਏ । ਦੱਸਣਯੋਗ ਏ ਕਿ ਮੌਜੂਦਾ ਸਾਲ ਦੌਰਾਨ 4 ਲੱਖ 60 ਹਜ਼ਾਰ ਟਿਊਬਵੈੱਲਾਂ 'ਤੇ 8 ਲੱਖ 31 ਹਜ਼ਾਰ ਬੂਟੇ ਲਗਾਏ ਗਏ ਨੇ । ਪੰਜਾਬ ਦੇ ਹਰਿਆਲੀ ਮਿਸ਼ਨ ਅਧੀਨ, ਇਸ ਸਾਲ 105 ਨਾਨਕ ਬਗੀਚੀਆਂ ਅਤੇ 25 ਪਵਿੱਤਰ ਵਣ ਸਥਾਪਤ ਕਰਨ ਦਾ ਕੰਮ ਪੂਰੀ ਤਰ੍ਹਾਂ ਮੁਕੰਮਲ ਹੋ ਚੁੱਕਿਆ ਏ । ਸਟੇਟ ਅਥਾਰਟੀ ਕੈਂਪਾ ਯੋਜਨਾ ਤਹਿਤ ਮੁਲਾਜ਼ਮਾਂ ਖਾਸ ਕਰਕੇ ਔਰਤਾਂ ਲਈ ਸਵੱਛਤਾ ਨੂੰ ਯਕੀਨੀ ਬਣਾਉਣ ਲਈ, 3 ਕਰੋੜ ਰੁਪਏ ਦੀ ਲਾਗਤ ਨਾਲ ਵੱਖ-ਵੱਖ ਨਰਸਰੀਆਂ ਵਿੱਚ 100 ਪਖਾਨਿਆਂ ਦੀ ਉਸਾਰੀ ਕੀਤੀ ਗਈ ਏ ।

---

## **ਆਖਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ**

- BJP ਦੇ ਸੀਨੀਅਰ ਸੰਸਦ ਮੈਂਬਰ ਓਮ ਬਿਰਲਾ, 18ਵੀਂ ਲੋਕ ਸਭਾ ਦੇ ਸਪੀਕਰ ਚੁਣੇ ਗਏ ।

- ਪੰਜਾਬ ਦੇ ਰਾਜਪਾਲ ਬਨਵਾਰੀ ਲਾਲ ਪੁਰੋਹਿਤ ਨੇ ਅੱਜ ਨਵੀਂ ਦਿੱਲੀ ਵਿਚ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨਾਲ ਮੁਲਾਕਾਤ ਕੀਤੀ।
- ਪੰਜਾਬ ਪੁਲਿਸ ਦੇ D.G.P ਗੌਰਵ ਯਾਦਵ ਦੀ ਨਸ਼ੇ ਦੀ ਬੁਰਾਈ ਖਤਮ ਕਰਨ ਲਈ ਸਾਰਿਆਂ ਨੂੰ ਸਾਂਝੇ ਯਤਨ ਕਰਨ ਦੀ ਅਪੀਲ ।
- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ, ਸ੍ਰੀ ਅਕਾਲ ਤਖ਼ਤ ਸਾਹਿਬ ਦਾ ਸਥਾਪਨਾ ਦਿਵਸ, ਅੱਜ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ ।